# ਵੱਖ-ਵੱਖ ਮਾਮਲਿਆਂ ਤਹਿਤ ਦੋ ਗ੍ਰਿਫ਼ਤਾਰ

ਸ੍ਰੀ ਅਨੰਦਪੁਰ ਸਾਹਿਬ, 3 ਜੁਲਾਈ (ਕਰਨੈਲ ਸਿੰਘ ਸੈਣੀ, ਜੇ.ਐਸ.ਨਿੱਕੂਵਾਲ)- ਸਥਾਨਕ ਸ਼ਹਿਰੀ ਪੁਲਿਸ ਨੇ ਚੋਰੀ ਅਤੇ ਨਸ਼ਿਆਂ ਖ਼ਿਲਾਫ਼ ਚਲਾਈ ਮੁਹਿੰਮ ਤਹਿਤ ਦੋ ਕਥਿਤ ਦੋਸ਼ੀਆਂ ਨੂੰ ਫੜਨ ਵਿਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਚੌਂਕੀ ਇੰਚਾਰਜ ਸਵਾਤੀ ਧੀਮਾਨ ਨੇ ਦੱਸਿਆ ਕਿ ਮੁਕੱਦਮਾ ਨੰਬਰ 73 ਵਿਚ ਕਥਿਤ ਦੋਸ਼ੀ ਲਵਪ੍ਰੀਤ ਸਿੰਘ ਵਾਸੀ ਪਿੰਡ ਭੱਖਾ ਹਰੀ ਸਿੰਘ ਥਾਣਾ ਅਜਨਾਲਾ ਜ਼ਿਲ੍ਹਾ ਅੰਮ੍ਰਿਤਸਰ ਦੀ ਨਿਸ਼ਾਨਦੇਹੀ ਤੇ ਦੋ ਮੋਟਰਸਾਈਕਲ ਚੋਰੀ ਦੇ ਬਰਾਮਦ ਕੀਤੇ ਗਏ। ਇਸ ਤੋਂ ਬਿਨਾਂ ਨਸ਼ਿਆਂ ਦੀ ਰੋਕਥਾਮ ਸੰਬੰਧੀ ਚੌਂਕੀ ਇੰਚਾਰਜ ਸਵਾਤੀ ਧੀਮਾਨ ਅਤੇ ਸਹਾਇਕ ਥਾਣੇਦਾਰ ਪ੍ਰੀਤਮ ਸਿੰਘ ਦੀ ਟੀਮ ਵਲੋਂ ਗਸ਼ਤ ਦੌਰਾਨ ਰੇਲਵੇ ਸਟੇਸ਼ਨ ਝੁੱਗੀਆਂ ਸ੍ਰੀ ਅਨੰਦਪੁਰ ਸਾਹਿਬ ਤੋਂ ਇੱਕ ਕਿੱਲੋ ਗਾਂਜਾ ਬਰਾਮਦ ਕਰ ਕੇ ਕਥਿਤ ਦੋਸ਼ੀ ਧਰਮਪਾਲ ਵਾਸੀ ਵਾਰਡ ਨੰਬਰ ਗਿਆਰਾਂ ਲੋਦੀਪੁਰ ਥਾਣਾ ਸ੍ਰੀ ਅਨੰਦਪੁਰ ਸਾਹਿਬ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਇਨ੍ਹਾਂ ਖ਼ਿਲਾਫ਼ ਮੁਕੱਦਮਾ ਦਰਜ ਕਰ ਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ ।



ਵੱਖ-ਵੱਖ ਮਾਮਲਿਆਂ ਵਿਚ ਫੜੇ ਗਏ ਕਥਿਤ ਦੋਸ਼ੀਆਂ ਨਾਲ ਪੁਲਿਸ ਪਾਰਟੀ।

ਅਜੀਤ ®©
04-Jul-2022
Page: 5
http://epaper.ajitjalandhar.com/edition/20220704/10/5.cms